ਪ੍ਰੈਸ ਨੋਟ

ਉਰਦੂ ਭਾਸ਼ਾ ਦੀ ਮੁਫ਼ਤ ਸਿਖਲਾਈ ਦੇ ਦਾਖਲੇ ਦੀ ਮਿਤੀ ਵਿੱਚ ਵਾਧਾ

ਕਪੂਰਥਲਾ: (12-01-2022) ਜ਼ਿਲ੍ਹਾ ਭਾਸ਼ਾ ਅਫ਼ਸਰ, ਸ੍ਰੀਮਤੀ ਜਸਪ੍ਰੀਤ ਕੌਰ ਕਪੂਰਥਲਾ ਸੂਚਨਾ ਦਿੰਦੇ ਹਨ ਕਿ ਭਾਸ਼ਾ ਵਿਭਾਗ, ਪੰਜਾਬ ਵਲੋਂ ਹਰ ਜ਼ਿਲ੍ਹਾ ਸਦਰ ਮੁਕਾਮ ਤੇ ਉਰਦੂ ਭਾਸ਼ਾ ਦੀ ਸਿਖਲਾਈ ਮੁਫ਼ਤ ਦਿੱਤੀ ਜਾਂਦੀ ਹੈ। ਉਰਦੂ ਪ੍ਰੀਖਿਆ ਵਿੱਚੋਂ ਪਾਸ ਹੋਏ ਵਿਦਿਆਰਥੀਆਂ ਨੂੰ ਡਾਇਰੈਕਟਰ ਭਾਸ਼ਾ ਵਿਭਾਗ, ਪੰਜਾਬ ਜੀ ਵਲੋਂ ਸਰਟੀਫਿਕੇਟ ਵੀ ਜ਼ਾਰੀ ਕੀਤਾ ਜਾਂਦਾ ਹੈ। ਇਹ ਕੋਰਸ ਛੇ ਮਹੀਨੇ ਦਾ ਹੁੰਦਾ ਹੈ। ਕਲਾਸ ਦਾ ਸਮਾਂ ਸ਼ਾਮ 05:15 ਤੋਂ 06:15 ਵਜੇ ਤੱਕ ਹੋਵੇਗਾ। ਕਪੂਰਥਲਾ ਜ਼ਿਲ੍ਹੇ ਨਾਲ ਸਬੰਧਤ ਜਿਹੜੇ ਵਿਅਕਤੀ ਉਰਦੂ ਸਿੱਖਣ ਦੇ ਚਾਹਵਾਨ ਹੋਣ ਜ਼ਿਲ੍ਹਾ ਭਾਸ਼ਾ ਦਫ਼ਤਰ, ਕਮਰਾ ਨੰ. 404, ਚੌਥੀ ਮੰਜਿਲ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ,(ਕਾਦੂਪੁਰ) ਕਪੂਰਥਲਾ ਵਿਖੇ ਆਪਣਾ ਨਾਮ ਮਿਤੀ 18-01-2022 ਤੱਕ ਦਰਜ਼ ਕਰਵਾ ਕੇ ਦਾਖਲਾ ਲੈ ਸਕਦੇ ਹਨ। ਵਧੇਰੇ ਜਾਣਕਾਰੀ ਇਸ ਦਫ਼ਤਰ ਦੇ ਸੀਨੀਅਰ ਸਹਾਇਕ ਸ੍ਰੀ ਬਲਵੀਰ ਸਿੰਘ ਸਿੱਧੂ ਨਾਲ ਮੋਬਾਇਲ ਨੰ:97809-23100 ਤੇ ਸੰਪਰਕ ਕਰ ਸਕਦੇ ਹਨ।